**ਦਫਤਰ ਸੀਨੀਅਰ ਕਪਤਾਨ ਪੁਲਿਸ**

**ਫਿਰੋਜ਼ਪੁਰ**

## **ਪ੍ਰੈਸ ਨੋਟ**

**ਮਿਤੀ: 16 ਅਪ੍ਰੈਲ 2024**

ਜਿਲ੍ਹਾ ਪੁਲਿਸ ਫਿਰੋਜਪੁਰ ਵੱਲੋਂ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀ ਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ ਸੁਖਚੈਨ ਸਿੰਘ ਉਰਫ ਸੋਨੂੰ ਪੁੱਤਰ ਗੁਰਦੀਪ ਸਿੰਘ ਵਾਸੀ ਭੱਖੜਾ, ਥਾਣਾ ਸਦਰ ਫਿਰੋਜ਼ਪੁਰ, ਜਿਲ੍ਹਾ ਫਿਰੋਜ਼ਪੁਰ ਦੀ **76,55,407/- ਰੁਪਏ ਦੀ** ਬਣਾਈ ਗਈ ਗੈਰ ਕਾਨੂੰਨੀ ਜਾਇਦਾਦ ਅ/ਧ 68-ਐਫ(2) ਐਨ.ਡੀ.ਪੀ.ਐਸ. ਐਕਟ 1985 **ਤਹਿਤ ਫਰੀਜ਼ ਕਰਵਾਈ ਗਈ ਹੈ**,

**ਜਿਲ੍ਹਾ ਪੁਲਿਸ ਫਿਰੋਜ਼ਪੁਰ ਵੱਲੋ** ਪ੍ਰੈਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਪੰਜਾਬ ਸਰਕਾਰ ਅਤੇ ਮਾਨਯੋਗ ਡੀ.ਜੀ.ਪੀ. ਪੰਜਾਬ ਜੀ ਦੇ ਦਿਸ਼ਾਂ ਨਿਰਦੇਸ਼ਾ ਅਨੁਸਾਰ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆ ਪਰ ਪੂਰੀ ਤਰਾਂ ਠੱਲ ਪਾਉਣ ਲਈ ਹਰ ਸੰਭਵ ਕੋਸ਼ਿਸ ਕੀਤੀ ਜਾ ਰਹੀ ਹੈ। ਇਸ ਮੁਹਿਮ ਤਹਿਤ ਜਿਲ੍ਹਾ ਪੁਲਿਸ ਦੁਆਰਾ ਜਿਲ੍ਹਾ ਦੇ ਸਮੂਹ ਗਜਟਿਡ ਅਧਿਕਾਰੀਆ ਦੀ ਨਿਗਰਾਨੀ ਹੇਠ ਸਪੈਸ਼ਲ ਟੀਮਾਂ ਬਣਾਈਆਂ ਗਈਆਂ ਹਨ, ਜੋ ਮੁਸ਼ਤੈਦੀ ਨਾਲ ਪੂਰੇ ਏਰੀਆ ਅੰਦਰ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰ ਰਹੀਆਂ ਹਨ।

ਇਸ ਮੁਹਿੰਮ ਤਹਿਤ ਸ਼੍ਰੀ ਰਣਧੀਰ ਕੁਮਾਰ, ਆਈ.ਪੀ.ਐਸ, ਕਪਤਾਨ ਪੁਲਿਸ (ਇੰਨ:) ਫਿਰੋਜਪੁਰ, ਦੀ ਨਿਗਰਾਨੀ ਹੇਠ ਕੰਮ ਕਰ ਰਹੀ ਪੁਲਿਸ ਟੀਮਾਂ ਵੱਲੋਂ ਸੁਖਚੈਨ ਸਿੰਘ ਉਰਫ ਸੋਨੂੰ ਉਕਤ ਜਿਸ ਤੋਂ 500 ਗ੍ਰਾਮ ਹੈਰੋਇਨ ਬਰਾਮਦ ਹੋਣ ਤੇ ਇਸ ਦੇ ਖਿਲਾਫ **ਮੁਕੱਦਮਾ ਨੰ. 113** ਮਿਤੀ 05.07.2012 ਅ/ਧ 21/61/85 ਐਨ.ਡੀ.ਪੀ.ਐਸ ਐਕਟ, 1985 ਥਾਣਾ ਝਬਾਲ, ਜਿਲ੍ਹਾ ਤਰਨਤਾਰਨ ਵਿੱਚ ਦਰਜ ਰਜਿਸਟਰ ਹੋਇਆ ਸੀ।ਮਾਨਯੋਗ ਅਦਾਲਤ ਵੱਲੋਂ ਇਸ ਮੁਕੱਦਮਾ ਵਿੱਚ ਦੋਸ਼ੀ ਨੂੰ 12 ਸਾਲ ਦੀ ਕੈਦ ਦੀ ਸਜਾ ਅਤੇ 1,20,000/- ਰੁਪਏ ਜੁਰਮਾਨਾ ਕੀਤਾ ਗਿਆ। ਪੁਲਿਸ ਟੀਮ ਵੱਲੋਂ ਸੁਖਚੈਨ ਸਿੰਘ ਉਰਫ ਸੋਨੂੰ ਉਕਤ ਦਾ ਰਿਹਾਇਸ਼ੀ ਮਕਾਨ 49.92 ਮਰਲੇ ਦਾ, ਜਿਸ ਦੀ ਕੁੱਲ ਕੀਮਤ **72,48,000/-** ਰੁਪਏ, 01 ਕਾਰ ਜਿਸ ਦੀ ਕੀਮਤ 3,52,032/-ਰੁਪਏ ਅਤੇ ਬੈਂਕ ਅਕਾਉਂਟ ਜਿਸ ਵਿੱਚ 55375/- ਰੁਪਏ ਸੀ।ਇਸ ਤਰਾਂ **ਇਸ ਕੁੱਲ ਜਾਇਦਾਦ 76,55,407/-** ਰੁਪਏ ਗੈਰ ਕਾਨੂੰਨੀ ਜਾਇਦਾਦ ਨੂੰ ਅ/ਧ 68-ਐਫ(2) ਐਨ.ਡੀ.ਪੀ.ਐਸ. ਐਕਟ 1985 ਤਹਿਤ

ਫਰੀਜ਼ ਕਰਵਾਇਆ ਗਿਆ ਹੈ, ਇਹਨਾਂ ਹੁਕਮਾ ਤਹਿਤ **ਹਲਕਾ** ਡੀ.ਐੱਸ.ਪੀ ਸ਼ਹਿਰੀ ਫਿਰੋਜ਼ਪੁਰ ਅਤੇ ਮੁੱਖ ਅਫਸਰ ਸਦਰ ਫਿਰੋਜ਼ਪੁਰ ਵੱਲੋਂ ਫਰੀਜਿੰਗ ਦੇ ਆਰਡਰਾਂ ਨੂੰ ਸੁਖਚੈਨ ਸਿੰਘ ਉਰਫ ਸੋਨੂੰ ਉਕਤ ਦੇ ਘਰ ਦੇ ਬਾਹਰ ਚਿਪਕਾਇਆ ਗਿਆ ਹੈ।



ਸੁਖਚੈਨ ਸਿੰਘ ਉਰਫ ਸੋਨੂੰ

ਇਸ ਤੋਂ ਇਲਾਵਾ ਨਸ਼ਿਆ ਵਿਰੁੱਧ ਕਾਰਵਾਈ ਕਰਦੇ ਹੋਏ **05 ਹੋਰ ਨਸ਼ਾ ਤਸਕਰਾ** ਦੀ ਪ੍ਰਾਪਰਟੀ ਜਬਤ ਕਰਵਾਉਣ ਸਬੰਧੀ ਜਾਬਤੇ ਅਨੁਸਾਰ ਕਾਰਵਾਈ ਕੀਤੀ ਜਾ ਰਹੀ ਹੈ।